# ਸ਼੍ਰੀਲੰਕਾ ਦੇ ਰਾਸ਼ਟਰਪਤੀ ਦੁਆਰਾ ਭਾਰਤ ਦਾ ਸਰਕਾਰੀ ਦੌਰਾ (21 ਜੁਲਾਈ, 2023)

18 ਜੁਲਾਈ, 2023

ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੇ ਸੱਦੇ 'ਤੇ ਸ਼੍ਰੀਲੰਕਾ ਦੇ ਰਾਸ਼ਟਰਪਤੀ ਮਾਣਯੋਗ ਮਿਸਟਰ ਰਾਨਿਲ ਵਿਕਰਮਸਿੰਘੇ, 21 ਜੁਲਾਈ 2023 ਨੂੰ ਸਰਕਾਰੀ ਦੌਰੇ 'ਤੇ ਭਾਰਤ ਆਉਣਗੇ। ਮੌਜੂਦਾ ਜ਼ਿੰਮੇਵਾਰੀਆਂ ਸੰਭਾਲਣ ਤੋਂ ਬਾਅਦ ਰਾਸ਼ਟਰਪਤੀ ਵਿਕਰਮਾਸਿੰਘੇ ਦੁਆਰਾ ਇਹ ਭਾਰਤ ਦੀ ਪਹਿਲੀ ਫੇਰੀ ਹੋਵੇਗੀ।

ਆਪਣੇ ਦੌਰੇ ਦੌਰਾਨ ਰਾਸ਼ਟਰਪਤੀ ਵਿਕਰਮਾਸਿੰਘੇ ਭਾਰਤ ਦੀ ਰਾਸ਼ਟਰਪਤੀ ਸ਼੍ਰੀਮਤੀ ਦ੍ਰੋਪਦੀ ਮੁਰਮੂ ਨਾਲ ਮੁਲਾਕਾਤ ਕਰਨਗੇ। ਉਹ ਪ੍ਰਧਾਨ ਮੰਤਰੀ ਅਤੇ ਹੋਰ ਭਾਰਤੀ ਪਤਵੰਤਿਆਂ ਨਾਲ ਆਪਸੀ ਹਿੱਤਾਂ ਦੇ ਕਈ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਵੀ ਕਰਨਗੇ।

ਸ਼੍ਰੀਲੰਕਾ ਭਾਰਤ ਦੀ ਨੇਬਰਹੁੱਡ ਫਸਟ ਪਾਲਿਸੀ ਸਮੇਤ ਵਿਜ਼ਨ ਸਾਗਰ ਵਿੱਚ ਇੱਕ ਮਹੱਤਵਪੂਰਨ ਭਾਈਵਾਲ ਹੈ। ਇਹ ਦੌਰਾ ਦੋਵਾਂ ਦੇਸ਼ਾਂ ਦਰਮਿਆਨ ਲੰਬੇ ਸਮੇਂ ਤੋਂ ਚੱਲੀ ਆ ਰਹੀ ਦੋਸਤੀ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਸਾਰੇ ਖੇਤਰਾਂ ਵਿੱਚ ਆਪਸੀ ਉਸਾਰੂ ਸਹਿਯੋਗ ਵਧਾਉਣ ਸਮੇਤ ਸੰਪਰਕ ਵਧਾਉਣ ਦੇ ਤਰੀਕਿਆਂ ਦੀ ਖੋਜ ਕਰੇਗਾ।

**ਨਵੀਂ ਦਿੱਲੀ**
**18 ਜੁਲਾਈ, 2023**